# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/53388-53428
ਮਿਤੀ,ਚੰਡੀਗੜ੍ਹ 18-08-2010

ਹਵਾਲਾ :- ਇਸ ਦਫ਼ਤਰ ਦੇ ਪੱਤਰ ਨੰ: ਮੈਥ ਸੈੱਲ/ਸਸਅ/09/47812-4785 ਮਿਤੀ 23-06-2010 ਦੀ ਲਗਾਤਾਰਤਾ ਵਿੱਚ।

**ਵਿਸ਼ਾ :- ਮਹੀਨਾਵਾਰ ਪ੍ਰੀਖਿਆ ਵਿੱਚ ਪੰਜਾਬੀ ਅਤੇ ਹਿੰਦੀ ਵਿਸ਼ਿਆਂ ਨੂੰ ਦਿੱਤੀ ਜਾਣ ਵਾਲੀ ਵੇਟੇਜ਼ ਸਬੰਧੀ।**

1.0 ਉਪਰੋਕਤ ਹਵਾਲਾ ਅਧੀਨ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਲਏ ਗਏ ਫੈਸਲੇ ਅਨੁਸਾਰ ਜਮਾਤ ਛੇਵੀਂ ਤੋਂ ਦਸਵੀਂ ਜਮਾਤ ਤੱਕ ਚਾਰ ਵਿਸ਼ਿਆਂ (ਗਣਿਤ, ਵਿਗਿਆਨ, ਸਮਾਜਿਕ ਸਿੱਖਿਆ ਅਤੇ ਅੰਗਰੇਜ਼ੀ) ਦੀ ਮਹੀਨਾਵਾਰ ਪ੍ਰੀਖਿਆ ਲਈ ਜਾ ਰਹੀ ਹੈ ਅਤੇ ਇਸ ਨੂੰ ਉਪਰੋਕਤ ਪੱਤਰ ਦੇ ਹਵਾਲੇ ਅਧੀਨ 40 ਪ੍ਰਤੀਸ਼ਤ ਦੀ ਵੇਟੇਜ਼ ਸਾਲਾਨਾ ਪ੍ਰੀਖਿਆ ਵਿੱਚ ਦਿੱਤੀ ਜਾਂਦੀ ਹੈ। ਫੀਲਡ ਵਿੱਚੋਂ ਆਈ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਅਗਸਤ 2010 ਤੋਂ ਦੋ ਹੋਰ ਵਿਸ਼ਿਆਂ ਪੰਜਾਬੀ ਅਤੇ ਹਿੰਦੀ ਦੀ ਪ੍ਰੀਖਿਆ ਵੀ ਲਈ ਜਾਣੀ ਸ਼ੁਰੂ ਕੀਤੀ ਹੈ। ਜਿਸ ਦੇ ਪ੍ਰਸ਼ਨ ਪੱਤਰ ਹੈੱਡ-ਆਫ਼ਿਸ ਵੱਲੋਂ ਤਿਆਰ ਕਰਕੇ ਪੇਪਰ ਵਾਲੇ ਦਿਨ ਵੈੱਬ-ਸਾਈਟ ਤੇ ਲੋਡ ਕੀਤੇ ਜਾਂਦੇ ਹਨ। ਇਸ ਲਈ ਇਨ੍ਹਾਂ ਦੋ ਵਿਸ਼ਿਆਂ ਲਈ ਵੀ (ਪੰਜਾਬੀ ਅਤੇ ਹਿੰਦੀ) ਨੂੰ ਬਾਕੀ ਦੇ ਚਾਰ ਵਿਸ਼ਿਆਂ ਵਾਂਗ

ਹੀ 40 ਪ੍ਰਤੀਸ਼ਤ ਵੇਟੇਜ਼ ਸਾਲਾਨਾ ਪ੍ਰੀਖਿਆ ਵਿੱਚ ਦਿੱਤੇ ਜਾਣ ਦਾ ਫੈਸਲਾ ਕੀਤਾ ਗਿਆ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਪਰੋਕਤ ਸਬੰਧੀ ਸਬੰਧਤ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਨੋਟ ਕਰਵਾ ਦਿੱਤਾ ਜਾਵੇ।

4.0 ਇੱਥੇ ਇਹ ਦੱਸਣਾ ਲਾਜ਼ਮੀ ਹੋਵੇਗਾ ਕਿ ਸਤੰਬਰ 2010 ਵਿੱਚ ਜਮਾਤ ਛੇਵੀਂ ਤੋਂ ਨੌਵੀਂ ਜਮਾਤਾਂ ਦੇ ਪੰਜਾਬੀ ਅਤੇ ਹਿੰਦੀ ਵਿਸ਼ਿਆਂ ਦੇ ਪ੍ਰਸ਼ਨ ਪੱਤਰ ਪੇਪਰ ਵਾਲੇ ਦਿਨ ਵੈੱਬ-ਸਾਈਟ ਤੇ ਲੋਡ ਕਰ ਦਿੱਤੇ ਜਾਣਗੇ।

3.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**